Annexure -3

Translation Punjabi to ENGLISH

No. 3/45/20140-3ie3/1680

**Government of Punjab**
**Education Department**
(Education – Branch 3)

To

Principal
S.F.C. Public School, Village Fatehgarh Korotana
District MOGA
Dated, Chandigarh 29-6-10

Subject - **Issuing No Objection Certificate for affiliation with CBSE New Delhi for S F C Public School Fatehgarh, District MOGA**

Sir,

Regarding the above mentioned subject.

2. After the certification of documents with affidavit present by your School Management and also instruction by the District Education Officer (SS) Moga and Director Education Department (S.S.), Chandigarh, the Government of Punjab issued No Objection Certificate on the behalf of these terms and conditions :-

1. If we found in future that you provide information to Government of Punjab while applying for the No Objection Certificate and or you not fulfilled the instruction which are issued by Government time to time and you ignored any terms which is written in affidavit then without any notice government get back the no objection certificate.
2. That the management to make Punjabi language compulsory up to Class X and The CBSE Board Delhi will be provide examination in Punjabi and If you don't done then government get back the no objection certificate

3. After got affiliation from CBSE New Delhi the school management will be paid salary and misc. allowances to Teaching, no teaching staff as government employees. If ignored then government will get back no objection certificate.

4. You and your school management promised that you must provide that information which is demanded by District Education Officer of your concern district if you unable to provide information then government will get back your No Objection Certificate.

Sd/-
Additional Secretary School Education
Dated, Chandigarh

Endorsement No. 3/45/2010-3ie3/

A copy of above said to Director, Education Department (isMG) Punjab Chandigarh requested that inspection of above school is determinate one time with in 5 yrs and inspection report sent to the Government that we know that above mentioned school is running as per instructions of government .

Sd/-
Additional Secretary School Education

NOTARY Amar Singh

Certified that this is a true and correct Translation in English of a document produced before me in ... Punjabi ... script
Dated ... 10 DEC 2010

AMAR SINGH
NOTARY MOGA (PUNJAB)

10 DEC 2010

ਨੰ: 3/45/2010-3ਸਿ3/ 1680

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਐਸ.ਐਫ.ਸੀ. ਪਬਲਿਕ ਸਕੂਲ, ਪਿੰਡ ਫਤਹਿਗੜ੍ਹ ਕੋਰੋਟਾਨਾ
ਜਿਲ੍ਹਾ ਮੋਗਾ।

ਮਿਤੀ,ਚੰਡੀਗੜ੍ਹ: 29-6-10

ਵਿਸ਼ਾ:- ਐਸ.ਐਫ.ਸੀ. ਪਬਲਿਕ ਸਕੂਲ, ਪਿੰਡ ਫਤਹਿਗੜ੍ਹ ਕੋਰੋਟਾਨਾ ਜਿਲ੍ਹਾ ਮੋਗਾ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਮੋਗਾ ਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿੱਚ ਕਿਸੇ ਵੀ ਸ਼ਿਕਾਇਤ /ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾਂ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ. ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ

ਚਲਦਾ ਪੰਨਾ/2

ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸੀ.ਬੀ.ਐਸ.ਈ. ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4 ਤੁਸੀਂ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾਂ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾਂ ਉਪਲਬੱਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਵਧੀਕ ਸਕੱਤਰ ਸਕੂਲ ਸਿੱਖਿਆ

-----

ਮਿਤੀ,ਚੰਡੀਗੜ੍ਹ;

ਪਿੱਠ ਅੰਕਣ ਨੰ: 3/45/2010-3ਸਿ3/

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ (ਸੈ.ਸਿ.), ਪੰਜਾਬ,ਚੰਡੀਗੜ੍ਹ ਨੂੰ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਾਇਆ ਜਾਵੇ ਕਿ ਸਬੰਧਤ ਸਕੂਲ, ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

ਐਸ.ਐਫ.ਸੀ. ਪਬਲਿਕ ਸਕੂਲ, ਪਿੰਡ ਫਤਹਿਗੜ੍ਹ ਕੋਰੋਟਾਣਾ ਜ਼ਿਲ੍ਹਾ ਮੋਗਾ ਦੀ ਮਿਸਲ ਮੂਲ ਰੂਪ ਵਿਚ ਵਾਪਸ ਭੇਜੀ ਜਾਂਦੀ ਹੈ।

(ਨੱਥੀ ਮਿਸਲ)

ਵਧੀਕ ਸਕੱਤਰ ਸਕੂਲ ਸਿੱਖਿਆ